ਦਫਤਰ ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ ਨੰ: 2, ਲੋ: ਨਿ: ਵਿ, ਭ: ਤੇ ਮ: ਸ਼ਾਖਾ, ਪਟਿਆਲਾ
ਚੋਥੀ ਮੰਜਿਲ, ਬਲਾਕ-ਸੀ ਮਿੰਨੀ ਸਕੱਤਰੇਤ, ਪਟਿਆਲਾ ।
Email id : eepd2ptapwdpb@gmail.com Tel. & Fax No. 0175-2362100

ਵੱਲ

ਪ੍ਰਿੰਸੀਪਲ
ਲਾਲਾ ਦੀਪ ਚੰਦ ਜੈਨ ਪਬਲਿਕ ਸਕੂਲ,
ਪਿੰਡ ਮਹਿਮਦਪੁਰ, ਡੇਰਾਬੱਸੀ, ਜਿਲ੍ਹਾ ਐਸ.ਏ.ਐਸ. ਨਗਰ ।

ਮਿਮੋ ਨੰ : 1272 ਮਿਤੀ 14/6/19

ਵਿਸ਼ਾ:- **ਸਕੂਲ (ਬਿਲਡਿੰਗ) ਸੇਫਟੀ ਸਰਟੀਫਿਕੇਟ ਜਾਰੀ ਕਰਨ ਬਾਰੇ।**
(ਲਾਲਾ ਦੀਪ ਚੰਦ ਜੈਨ ਪਬਲਿਕ ਸਕੂਲ, ਪਿੰਡ ਮਹਿਮਦਪੁਰ, ਡੇਰਾਬੱਸੀ, ਜਿਲ੍ਹਾ ਐਸ.ਏ.ਐਸ ਨਗਰ)

ਉਪਰੋਕਤ ਵਿਸ਼ੇ ਸਬੰਧੀ ਸਕੂਲ ਦਾ ਨਿਰੀਖਣ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ, ਭ ਤੇ ਮ ਸ਼ਾਖਾ, ਮੁਬਾਰਕਪੁਰ ਵੱਲੋਂ ਕੀਤਾ ਗਿਆ। ਉਨ੍ਹਾਂ ਦੀ ਰਿਪੋਰਟ ਅਨੁਸਾਰ ਸਕੂਲ ਬਿਲਡਿੰਗ ਵੇਖਣ ਵਿੱਚ ਸੁਰੱਖਿਅਤ ਜਾਪਦੀ ਹੈ ਅਤੇ ਆਮ ਵਰਤੋਂ ਲਈ ਦਰੁੱਸਤ ਹੈ।

ਇਸ ਲਈ ਇਹ ਸੇਫਟੀ ਸਰਟੀਫਿਕੇਟ ਆਪ ਨੂੰ ਪੱਤਰ ਜਾਰੀ ਹੋਣ ਦੀ ਮਿਤੀ ਤੋਂ ਮਿਤੀ 31.03.2024 ਤੱਕ ਹੇਠ ਲਿਖੀਆਂ ਸ਼ਰਤਾਂ ਤੇ ਜਾਰੀ ਕੀਤਾ ਜਾਂਦਾ ਹੈ:-

1) ਜੇ ਸਕੂਲ ਦੀ ਇਮਾਰਤ ਵਿਚ ਕਿਸੇ ਕਿਸਮ ਦੀ ਤਬਦੀਲੀ ਕੀਤੀ ਜਾਂਦੀ ਹੈ ਤਾਂ ਇਹ ਕੰਮ ਕਿਸੇ ਯੋਗ ਇੰਜੀਨੀਅਰ ਦੀ ਦੇਖ ਰੇਖ ਵਿਚ ਕਰਵਾਇਆ ਜਾਵੇ ਤੇ ਕੰਮ ਮੁਕੰਮਲ ਹੋਣ ਉਪਰੰਤ ਸਬੰਧਤ ਅਧਿਕਾਰੀ ਤੋਂ ਇਸ ਦਾ ਸਰਟੀਫਿਕੇਟ ਦੁਬਾਰਾ ਲਿਆ ਜਾਵੇ ।
2) ਜੇ ਬਿਲਡਿੰਗ ਹੜਾਂ ਜਾਂ ਕਿਸੇ ਹੋਰ ਕੁਦਰਤੀ ਆਫਤਾਂ ਤੋਂ ਪ੍ਰਭਾਵਿਤ ਹੁੰਦੀ ਹੈ ਤਾਂ ਤੁਰੰਤ ਹੀ ਇਸ ਨੂੰ ਵਿਭਾਗ ਤੋਂ ਦੁਬਾਰਾ ਚੈੱਕ ਕਰਵਾਇਆ ਜਾਵੇ।
3) ਫਾਇਰ ਸੇਫਟੀ ਸਰਟੀਫਿਕੇਟ ਨਵੀਕਰਨ ਦੀ ਨਿਰੋਲ ਜਿੰਮੇਵਾਰੀ ਬਿਨੈਕਾਰ ਦੀ ਹੋਵੇਗੀ ਨਹੀਂ ਤਾਂ ਤੁਰੰਤ ਸਮੇਂ ਤੋਂ ਇਹ ਬਿਲਡਿੰਗ ਸੇਫਟੀ ਸਰਟੀਫਿਕੇਟ ਰੱਦ ਸਮਝਿਆ ਜਾਵੇਗਾ। ਫਾਇਰ ਸਟੇਸ਼ਨ ਅਫਸਰ ਦੀਆਂ ਸ਼ਰਤਾਂ ਮੁਤਾਬਕ ਅੱਗ ਬੁਝਾਊ ਯੰਤਰ ਤਸੱਲੀਬਖਸ਼ ਹੋਣੇ ਚਾਹੀਦੇ ਹਨ ਅਤੇ ਕਰਮਚਾਰੀ ਅੱਗ ਬੁਝਾਉਣ ਸਬੰਧੀ ਟਰੇਂਡ ਹੋਣੇ ਚਾਹੀਦੇ ਹਨ, ਇਸ ਨੂੰ ਯਕੀਨੀ ਬਣਾਇਆ ਜਾਵੇ।

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਨੰ,2 :
ਭ: ਤੇ ਮ: ਸ਼ਾਖਾ, ਪਟਿਆਲਾ

Principal
L. D. C. Jain Public School
Mehmadpur Road, Dera Bassi

ਪਿਠ ਅੰਕਣ ਨੰ: ਮਿਤੀ

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ, ਭ ਤੇ ਮ ਸ਼ਾਖਾ, ਮੁਬਾਰਕਪੁਰ ਨੂੰ ਉਨ੍ਹਾਂ ਦੇ ਪੱਤਰ ਨੰ: 141 ਮਿਤੀ 31.05.2019 ਦੇ ਹਵਾਲੇ ਵਿੱਚ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਕਾਰਜਕਾਰੀ ਇੰਜੀਨੀਅਰ